# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 04-09-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਬਰੂਨੇਈ ਦੀ ਆਪਣੀ ਸਫਲ ਯਾਤਰਾ ਤੋਂ ਬਾਅਦ ਆਪਣੇ ਦੌਰੇ ਦੇ ਦੂਜੇ ਪੜਾਅ'ਤੇ ਅੱਜ ਦੁਪਹਿਰ ਬਾਅਦ ਸਿੰਗਾਪੁਰ ਪਹੁੰਚੇ। ਸਿੰਗਾਪੁਰ ਦੇ ਗ੍ਰਹਿ ਅਤੇ ਕਾਨੂੰਨ ਮੰਤਰੀ ਕੇ ਸ਼ਨਮੁਗਮ ਨੇ ਉਨ੍ਹਾਂ ਦਾ ਸਵਾਗਤ ਕੀਤਾ।
- ਪੰਜਾਬ ਵਿਧਾਨਸਭਾ ਨੇ ਅੱਜ 4 ਅਹਿਮ ਬਿਲ ਪਾਸ ਕੀਨੇ ਨੇ ।
- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਪੁਰਬ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾ ਰਿਹਾ ਏ।
- ਪੰਜਾਬ ਦੇ ਸਕੂਲ ਸਿੱਖਿਆ ਮੰਤਰੀ  ਹਰਜੋਤ ਸਿੰਘ ਬੈਂਸ ਨੇ ਰਾਸ਼ਟਰੀ ਅਧਿਆਪਕ ਦਿਵਸ ਤੋਂ ਪਹਿਲਾਂ ਦੀ ਸ਼ਾਮ ਅਧਿਆਪਕ ਭਾਈਚਾਰੇ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ .

- ਪੈਰਿਸ ਪੈਰਾਲੰਪਿਕਸ ਵਿੱਚ, ਭਾਰਤ ਦੇ ਸ਼ਾਟ ਪੁਟ ਥ੍ਰੋਅਰ Sachin Sarjerao Khilari ਨੇ ਮਰਦਾਂ ਦੇ ਸ਼ਾਟ ਪੁਟ ਮੁਕਾਬਲੇ ਵਿੱਚ ਚਾਂਦੀ ਦਾ ਤਮਗਾ ਜਿੱਤਿਆ ਏ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਬਰੂਨੇਈ ਦੀ ਆਪਣੀ ਸਫਲ ਯਾਤਰਾ ਤੋਂ ਬਾਅਦ ਆਪਣੇ ਦੋ ਦੇਸ਼ਾਂ ਦੇ ਦੌਰੇ ਦੇ ਦੂਜੇ ਪੜਾਅ’ਤੇ ਅੱਜ ਦੁਪਹਿਰ ਬਾਅਦ ਸਿੰਗਾਪੁਰ ਪਹੁੰਚੇ। ਸਿੰਗਾਪੁਰ ਦੇ ਗ੍ਰਹਿ ਅਤੇ ਕਾਨੂੰਨ ਮੰਤਰੀ ਕੇ ਸ਼ਨਮੁਗਮ ਨੇ ਉਨ੍ਹਾਂ ਦਾ ਸਵਾਗਤ ਕੀਤਾ। ਸ੍ਰੀ ਮੋਦੀ ਆਪਣੇ ਹਮਰੁਤਬਾ ਲਾਰੈਂਸ ਵੋਂਗ ਦੇ ਸੱਦੇ 'ਤੇ ਦੇਸ਼ ਦਾ ਦੌਰਾ ਕਰ ਰਹੇ ਨੇ । ਹੋਟਲ ਵਿੱਚ ਭਾਰਤੀ ਭਾਈਚਾਰੇ ਵੱਲੋਂ ਪ੍ਰਧਾਨ ਮੰਤਰੀ ਦਾ ਨਿੱਘਾ ਸੁਆਗਤ ਕੀਤਾ ਗਿਆ। ਸ਼ਾਮ ਨੂੰ ਸਿੰਗਾਪੁਰ ਦੇ ਪ੍ਰਧਾਨ ਮੰਤਰੀ ਨੇ ਉਨ੍ਹਾਂ ਨੂੰ ਰਾਤ ਦੇ ਖਾਣੇ ਦੀ ਨਿਜੀ ਦਾਵਤ ਦਾ ਸੱਦਾ ਦਿੱਤਾ ਏ । ਕੱਲ੍ਹ, ਦੋਵੇਂ ਨੇਤਾ ਭਾਰਤ-ਸਿੰਗਾਪੁਰ ਰਣਨੀਤਕ ਭਾਈਵਾਲੀ ਦੀ ਪ੍ਰਗਤੀ ਦੀ ਸਮੀਖਿਆ ਅਤੇ ਆਪਸੀ ਹਿੱਤਾਂ ਦੇ ਖੇਤਰੀ ਅਤੇ ਆਲਮੀ ਮੁੱਦਿਆਂ 'ਤੇ ਵਿਚਾਰ ਵਟਾਂਦਰਾ ਕਰਨਗੇ । ਇਸ ਤੋਂ ਬਾਅਦ ਪ੍ਰਧਾਨ ਮੰਤਰੀ ਮੋਦੀ ਸਿੰਗਾਪੁਰ ਦੇ

ਰਾਸ਼ਟਰਪਤੀ ਅਤੇ ਕਈ ਹੋਰ ਪਤਵੰਤਿਆਂ ਨਾਲ ਮੁਲਾਕਾਤ ਕਰਨਗੇ। ਉਹ ਇੱਕ ਸੈਮੀਕੰਡਕਟਰ ਕੇਂਦਰ AEM ਦਾ ਵੀ ਦੌਰਾ ਕਰਨਗੇ। ਪ੍ਰਧਾਨ ਮੰਤਰੀ ਦਾ ਸਿੰਗਾਪੁਰ ਦੀਆਂ ਕੰਪਨੀਆਂ ਦੇ CEO's ਨਾਲ ਵੀ ਮੁਲਾਕਾਤ ਕਰਨ ਦਾ ਪ੍ਰੋਗ੍ਰਾਮ ਏ . ਇਸ ਤੋਂ ਪਹਿਲਾਂ ਅੱਜ, ਭਾਰਤ ਅਤੇ ਬਰੂਨੇਈ ਨੇ ਉਪਗ੍ਰਹਾਂ ਅਤੇ ਲਾਂਚ ਵਾਹਨਾਂ ਲਈ ਟੈਲੀਮੈਟਰੀ, ਟਰੈਕਿੰਗ ਅਤੇ ਟੈਲੀਕਮਾਂਡ ਸਟੇਸ਼ਨ ਦੇ ਸੰਚਾਲਨ ਵਿੱਚ ਸਹਿਯੋਗ ਲਈ ਇੱਕ ਸਹਿਮਤੀ ਪੱਤਰ 'ਤੇ ਦਸਤਖਤ ਕੀਤੇ। ਦੋਵਾਂ ਦੇਸ਼ਾਂ ਨੇ ਆਪਸੀ ਹਿੱਤਾਂ ਦੇ ਸਾਰੇ ਖੇਤਰਾਂ ਵਿੱਚ ਸਬੰਧਾਂ ਨੂੰ ਹੋਰ ਮਜ਼ਬੂਤ, ਡੂੰਘਾ ਕਰਨ ਲਈ ਦੁਵੱਲੇ ਸਬੰਧਾਂ ਨੂੰ ਵਧੀ ਹੋਈ ਭਾਈਵਾਲੀ ਵੱਲ ਲਿਜਾਣ ਦਾ ਵੀ ਫੈਸਲਾ ਕੀਤਾ। ਬਾਂਦਰ ਸੇਰੀ ਬੇਗਾਵਨ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਬਰੂਨੇਈ ਦੇ ਸੁਲਤਾਨ ਹਾਜੀ ਹਸਨਲ ਬੋਲਕੀਆ ਦਰਮਿਆਨ ਵਫ਼ਦ ਪੱਧਰ ਦੀ ਗੱਲਬਾਤ ਤੋਂ ਬਾਅਦ ਇਹ ਫੈਸਲਾ ਲਿਆ ਗਿਆ।

-----------------------------------------------------

ਪੰਜਾਬ ਵਿਧਾਨਸਭਾ ਨੇ ਅੱਜ 4 ਅਹਿਮ ਬਿਲ ਪਾਸ ਕੀਤੇ ਨੇ ਜਿਹਨਾਂ 'ਚ ਪੰਜਾਬ GST ਸੋਧ ਬਿਲ 2024, ਪੰਜਾਬ ਫਾਇਰ ਤੇ ਐਮਰਜੰਸੀ

ਸੇਵਾ ਬਿਲ 2024, ਪੰਜਾਬ ਪੰਚਾਇਤ ਰਾਜ ਸੋਧ ਬਿਲ ਅਤੇ ਪੰਜਾਬ ਖੇਤੀਬਾੜੀ ਉਤਪਾਦ ਮੰਡੀਆਂ ਸੋਧ ਬਿਲ 2024 ਸ਼ਾਮਿਲ ਨੇ ।.ਮਾਲੀਏ ਅਤੇ ਟੈਕਸ ਬਾਰੇ ਮੰਤਰੀ ਹਰਪਾਲ ਸਿੰਘ ਚੀਮਾ ਨੇ ਵਿਧਾਨਸਭਾ ‘ਚ ਪੰਜਾਬ ਵਸਤੂ ਤੇ ਸੇਵਾ ਟੈਕਸ ਸੋਧ ਬਿਲ 2024 ਪੇਸ਼ ਕੀਤਾ । ਇਸੇ ਤਰ੍ਹਾਂ ਸਥਾਨਕ ਸੰਸਥਾਵਾਂ ਬਾਰੇ ਮੰਤਰੀ ਬਲਕਾਰ ਸਿੰਘ ਨੇ ਪੰਜਾਬ ਫਾਇਰ ਤੇ ਐਮਰਜੰਸੀ ਸੇਵਾ ਬਿਲ 2024, ਅਤੇ ਦਿਹਾਤੀ ਵਿਕਾਸ ਤੇ ਪੰਚਾਇਤ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ । ਪੰਜਾਬ ਪੰਚਾਇਤ ਰਾਜ ਸੋਧ ਬਿਲ ਪੇਸ਼ ਕੀਤਾ . ਤਿੰਨੋ ਬਿਲ ਸਰਬਸੰਮਤੀ ਨਾਲ ਪਾਸ ਹੋ ਗਏ ਨੇ . ਚੌਥਾ ਬਿਲ ਪੰਜਾਬ ਖੇਤੀਬਾੜੀ ਉਤਪਾਦ ਮੰਡੀਆਂ ਸੋਧ ਬਿਲ 2024 ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਪੇਸ਼ ਕੀਤਾ ਜੋ ਕਿ ਵਿਧਾਨ ਸਭਾ ‘ਚ ਬਹੁਮਤ ਨਾਲ ਪਾਸ ਹੋ ਗਿਆ ਏ ।

---

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਪੁਰਬ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾ ਰਿਹਾ ਏ। ਇਸ ਮੌਕੇ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਤੋਂ ਸੱਚਖੰਡ ਸ੍ਰੀ

ਹਰਿਮੰਦਰ ਸਾਹਿਬ ਤਕ ਪਰੰਪਰਾ ਅਨੁਸਾਰ ਨਗਰ ਕੀਰਤਨ ਸਜਾਇਆ ਗਿਆ, ਜਿਸ ਦੀ ਆਰੰਭਤਾ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਹਜ਼ੂਰੀ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ। ਅਰਦਾਸ ਮਗਰੋਂ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਸਰਵਣ ਕਰਾਇਆ। ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਪਹਿਲੇ ਪ੍ਰਕਾਸ਼ ਗੁਰਪੁਰਬ ਦੀ ਸਿੱਖ ਜਗਤ ਨੂੰ ਵਧਾਈ ਦਿੱਤੀ ਅਤੇ ਇਸ ਦਿਹਾੜੇ ਦੇ ਇਤਿਹਾਸ ਤੋਂ ਜਾਣੂ ਕਰਵਾਇਆ। ਨਗਰ ਕੀਰਤਨ ਦੀ ਅਗਵਾਈ ਪੰਜ ਪਿਆਰੇ ਕਰ ਰਹੇ ਸਨ ਅਤੇ ਨਗਰ ਕੀਰਤਨ ਸਮੇਂ ਸਿੱਖ ਨੌਜੁਆਨਾਂ ਨੇ ਗਤਕਾ ਪ੍ਰਦਰਸ਼ਨ ਵੀ ਕੀਤਾ। ਨਗਰ ਕੀਰਤਨ ਲਗਭਗ ਇਕ ਘੰਟੇ ਚ ਸ੍ਰੀ ਹਰਿਮੰਦਰ ਸਾਹਿਬ ਵਿਖੇ ਪੁੱਜ ਕੇ ਸੰਪਨ ਹੋਇਆ। ਨਗਰ ਕੀਰਤਨ ’ਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਅਨੇਕਾਂ ਮੈਂਬਰ ਸ਼੍ਰੋਮਣੀ ਕਮੇਟੀ, ਪੰਥਕ ਹਸਤੀਆਂ, ਸ਼੍ਰੋਮਣੀ ਕਮੇਟੀ ਅਧਿਕਾਰੀ ਅਤੇ ਵੱਡੀ ਗਿਣਤੀ ਚ ਸੰਗਤਾਂ ਨੇ ਸ਼ਮੂਲੀਅਤ ਕੀਤੀ। ਪ੍ਰਕਾਸ਼ ਪੁਰਬ ਦੇ ਸਬੰਧ ਚ ਸ੍ਰੀ ਹਰਿਮੰਦਰ

ਸਾਹਿਬ, ਸ੍ਰੀ ਅਕਾਲ ਤਖਤ ਸਾਹਿਬ ਅਤੇ ਗੁਰੂਦੁਆਰਾ ਬਾਬਾ ਅੱਟਲ ਰਾਏ ਵਿਖੇ ਪਵਿਤਰ ਜਲੌਅ ਸਜਾਏ ਗਏ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਬਾਬਾ ਅਟੱਲ ਰਾਇ ਸਾਹਿਬ ਵਿਖੇ ਸਵੇਰੇ 9 ਵਜੇ ਤੋਂ ਦੁਪਹਿਰ 12 ਵਜੇ ਤਕ ਸਜਾਏ ਗਏ ਪਵਿੱਤਰ ਅਲੌਕਿਕ ਜਲੌਅ ਸੰਗਤ ਲਈ ਖਿੱਚ ਦਾ ਕੇਂਦਰ ਬਣੇ।  ਇਸ ਤੋਂ ਇਲਾਵਾ ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਕੀਤੀ ਗਈ  ਫੁੱਲਾਂ ਦੀ ਅਤਿ ਸੁੰਦਰ ਸਜਾਵਟ ਵੀ ਮਨਮੋਹਕ ਦ੍ਰਿਸ਼ ਪੇਸ਼ ਕਰ ਰਹੀ ਸੀ। ਸ਼ਾਮ ਵੇਲੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਦੀਪਮਾਲਾ ਅਤੇ ਆਤਿਸ਼ਬਾਜੀ ਕੀਤੀ ਜਾਵੇਗੀ।

------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ ਪੁਰਬ 'ਤੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਿੱਖਿਆਵਾਂ ਦੁਨੀਆ ਭਰ ਦੇ ਲੱਖਾਂ ਲੋਕਾਂ ਨੂੰ ਦੂਜਿਆਂ ਦੀ ਸੇਵਾ ਅਤੇ ਦੇਖਭਾਲ ਕਰਨ ਲਈ ਪ੍ਰੇਰਿਤ ਕਰਦੀਆਂ  ਨੇ।  ਉਨ੍ਹਾਂ ਕਿਹਾ ਕਿ ਇਹ

ਸਮਾਜ ਵਿੱਚ ਭਾਈਚਾਰਕ ਸਾਂਝ ਅਤੇ ਸਦਭਾਵਨਾ ਦੀ ਭਾਵਨਾ ਨੂੰ ਵੀ ਪ੍ਰਫੁੱਲਤ ਕਰਦੀਆਂ ਨੇ। ਪ੍ਰਧਾਨ ਮੰਤਰੀ ਨੇ ਉਮੀਦ ਜਤਾਈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਿੱਖਿਆਵਾਂ, ਇਸ ਧਰਤੀ ਨੂੰ ਬਿਹਤਰ ਬਣਾਉਣ ਦੇ ਯਤਨਾਂ ਵਿੱਚ ਲੋਕਾਂ ਦਾ ਮਾਰਗਦਰਸ਼ਨ ਕਰਦੀਆਂ ਰਹਿਣਗੀਆਂ।

---------------------------------------------------------

ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਤੋਂ ਬੀਤੇ ਦਿਨੀਂ ਪੰਜ ਤਖ਼ਤਾਂ ਦੇ ਦਰਸ਼ਨਾਂ ਲਈ ਨਗਰ ਕੀਰਤਨ ਦੇ ਰੂਪ ਵਿਚ ਚੱਲੀ ਵਿਸ਼ੇਸ਼ ਰੇਲ ਯਾਤਰਾ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਖ਼ਾਲਸਈ ਜਾਹੋ-ਜਲਾਲ ਨਾਲ ਵਾਪਸ ਤਖ਼ਤ ਸ੍ਰੀ ਹਜ਼ੂਰ ਸਾਹਿਬ ਲਈ ਰਵਾਨਾ ਹੋਈ। ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਨਗਰ ਕੀਰਤਨ ਦੇ ਰੂਪ ਵਿਚ ਰਵਾਨਗੀ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਅਤੇ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ ਨੇ ਪੰਜ ਪਿਆਰੇ

ਸਾਹਿਬਾਨ, ਨਿਸ਼ਾਨਚੀ ਸਿੰਘਾਂ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਭੇਟ ਕੀਤੇ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪੰਜ ਤਖ਼ਤਾਂ ਦੀ ਯਾਤਰਾ ਲਈ ਆਈਆਂ ਸੰਗਤਾਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਸਿੱਖ ਪੰਥ ਅੰਦਰ ਪੰਜ ਤਖ਼ਤਾਂ ਦੀ ਆਪਣੀ ਮਹਾਨਤਾ ਏ ਅਤੇ ਹਰ ਸਿੱਖ ਤਖ਼ਤਾਂ ਦੇ ਦਰਸ਼ਨਾਂ ਦੀ ਤਾਂਘ ਰੱਖਦਾ ਏ । ਉਨ੍ਹਾਂ ਕਿਹਾ ਕਿ ਇਨ੍ਹਾਂ ਸੰਗਤਾਂ ਨੇ ਵਿਸ਼ੇਸ਼ ਰੇਲ ਰਾਹੀਂ ਨਗਰ ਕੀਰਤਨ ਦੇ ਰੂਪ ਵਿਚ ਪੰਜ ਤਖ਼ਤਾਂ ਦੇ ਦਰਸ਼ਨ ਕੀਤੇ ਨੇ, ਜੋ ਵਡਭਾਗੇ ਹਨ । ਨਗਰ ਕੀਰਤਨ ਦੀ ਰਵਾਨਗੀ ਮੌਕੇ ਪੁਲਿਸ ਪਾਰਟੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਤਿਕਾਰ ਭੇਟ ਕਰਦਿਆਂ ਸਲਾਮੀ ਦਿੱਤੀ ਅਤੇ ਨਿਹੰਗ ਜਥੇਬੰਦੀਆਂ ਵੱਲੋਂ ਹਾਥੀ, ਘੋੜਿਆਂ ਸਮੇਤ ਖਾਲਸਈ ਜਾਹੋ-ਜਲਾਲ ਨਾਲ ਸ਼ਮੂਲੀਅਤ ਕੀਤੀ ਗਈ ।

---------------------------------------------------

ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਸ: ਹਰਜੋਤ ਸਿੰਘ ਬੈਂਸ ਨੇ ਰਾਸ਼ਟਰੀ ਅਧਿਆਪਕ ਦਿਵਸ ਤੋਂ ਪਹਿਲਾਂ ਦੀ ਸ਼ਾਮ ਅਧਿਆਪਕ ਭਾਈਚਾਰੇ ਨੂੰ

ਸ਼ੁਭਕਾਮਨਾਵਾਂ ਦਿੱਤੀਆਂ ਅਤੇ ਉਨਾਂ ਨੂੰ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਇਮਾਨਦਾਰੀ, ਇਖ਼ਲਾਕ, ਸਮਰਪਣ ਅਤੇ ਚੰਗੇ ਆਚਰਣ ਵਰਗੇ ਉੱਤਮ ਗੁਣ ਪੈਦਾ ਕਰਨ ਲਈ ਹਰ ਸੰਭਵ ਯਤਨ ਕਰਨ ਦੀ ਅਪੀਲ ਕੀਤੀ ਤਾਂ ਜੋ ਸਾਡੇ ਵਿਦਿਆਰਥੀ ਸਮਾਜ ਦੇ ਆਦਰਸ਼ ਨਾਗਰਿਕ ਬਣ ਸਕਣ। ਅੱਜ ਜਾਰੀ ਇੱਕ ਸੰਦੇਸ਼ ਵਿੱਚ ਸਕੂਲ ਸਿੱਖਿਆ ਮੰਤਰੀ ਨੇ ਕਿਹਾ ਏ ਕਿ ਇਹ ਸ਼ਾਨਦਾਰ ਦਿਨ ਵੱਖ-ਵੱਖ ਖੇਤਰਾਂ, ਖਾਸ ਤੌਰ 'ਤੇ ਸਿੱਖਿਆ ਪ੍ਰਣਾਲੀ 'ਚ ਸੁਧਾਰ ਕਰਨ ਵਿੱਚ ਅਹਿਮ ਯੋਗਦਾਨ ਪਾਉਣ ਵਾਲੇ ਉੱਘੇ ਵਿਦਵਾਨ, ਰਾਜਨੇਤਾ ਅਤੇ ਮਹਾਨ ਦਾਰਸ਼ਨਿਕ, ਭਾਰਤ ਦੇ ਸਾਬਕਾ ਰਾਸ਼ਟਰਪਤੀ ਸਵਰਗੀ ਡਾ. ਸਰਵਪੱਲੀ ਰਾਧਾ ਕ੍ਰਿਸ਼ਨਨ ਦੇ ਜਨਮ ਦਿਨ ਵਾਲੇ ਦਿਨ ਆਉਂਦਾ ਏ। ਕੈਬਨਿਟ ਮੰਤਰੀ ਨੇ ਕਿਹਾ ਏ ਕਿ ਅਧਿਆਪਕ ਵਿਦਿਆਰਥੀਆਂ ਵਿੱਚ ਅਨੁਸ਼ਾਸਨ ਪੈਦਾ ਕਰਨ ਅਤੇ ਉਨ੍ਹਾਂ ਨੂੰ ਆਪੋ-ਆਪਣੇ ਖੇਤਰਾਂ ਵਿੱਚ ਕਾਬਲ ਬਣਾਉਣ ਲਈ ਸਿੱਖਿਆ ਪ੍ਰਦਾਨ ਕਰਨ ਵਿੱਚ ਵੱਡਮੁੱਲੀ ਸੇਵਾ ਨਿਭਾਉਂਦੇ ਨੇ . ਅਧਿਆਪਕਾਂ ਦੀ ਅਹਿਮੀਅਤ ਇਸੇ ਗੱਲ ਤੋਂ ਉਜਾਗਰ ਹੁੰਦੀ ਏ ਕਿ ਉਹਨਾਂ ਨੂੰ ਮਾਪਿਆਂ ਤੋਂ ਬਾਅਦ ਦਾ ਦਰਜਾ ਦਿੱਤਾ ਗਿਆ ਏ

। ਅਧਿਆਪਕਾਂ ਨੂੰ ਵਿਦਿਆਰਥੀਆਂ ਵਿੱਚ ਰਾਸ਼ਟਰਵਾਦ ਦੀ ਭਾਵਨਾ ਅਤੇ ਨੈਤਿਕ ਕਦਰਾਂ-ਕੀਮਤਾਂ ਪੈਦਾ ਕਰਕੇ ਵਿਦਿਆਰਥੀਆਂ ਵਿਸ਼ੇਸ਼ ਕਰਕੇ ਸਮਾਜ ਦੇ ਪਛੜੇ ਵਰਗਾਂ ਦੇ ਵਿਦਿਆਰਥੀਆਂ ਦਾ ਭਵਿੱਖ ਬਦਲਣ ਲਈ ਅੱਗੇ ਆਉਣ ਲਈ ਪ੍ਰੇਰਿਤ ਕਰਦਿਆਂ ਸ੍ਰੀ ਬੈਂਸ ਨੇ ਕਿਹਾ ਕਿ ਅਧਿਆਪਕ, ਸਾਡੇ ਦੇਸ਼ ਦੇ ਰੌਸ਼ਨ ਭਵਿੱਖ ਨੂੰ ਯਕੀਨੀ ਬਣਾਉਣ ਅਤੇ ਸਮੇ-ਸਮੇਂ ’ਤੇ ਆਉਣ ਵਾਲੀਆਂ ਚੁਣੌਤੀਆਂ ਦਾ ਡੱਟ ਕੇ ਸਾਹਮਣਾ ਕਰਨ ਲਈ ਦਿਆਰਥੀਆਂ ਦੇ ਆਦਰਸ਼ ਹੁੰਦੇ ਨੇ।

---------------------------------------------------------

ਪੰਜਾਬ ਸਰਕਾਰ ਦੇ ਮਿਸ਼ਨ ਘਰ-ਘਰ ਰੋਜ਼ਗਾਰ ਤਹਿਤ ਜ਼ਿਲ੍ਹਾ ਰੁਜ਼ਗਾਰ ਅਤੇ ਕਾਰੋਬਾਰ ਬਿਊਰੋ, ਰੋਜ਼ਗਾਰ ਦਫ਼ਤਰ, ਕਮਰਾ ਨੰ. 461, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਸੈਕਟਰ-76, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿਖੇ ,5 ਸਤੰਬਰ ਨੂੰ ਪਲੇਸਮੈਂਟ ਕੈਂਪ ਲਾਇਆ ਜਾ ਰਿਹਾ ਏ , ਜਿਸਦਾ ਸਮਾਂ ਸਵੇਰੇ ਸਾਢੇ 10 ਵਜੇ ਤੋਂ ਦੁਪਹਿਰ ਬਾਅਦ 2 ਵਜੇ ਤੱਕ ਹੋਵੇਗਾ । ਐਸ.ਏ.ਐਸ ਨਗਰ ਦੇ ਪੇਂਡੂ ਵਿਕਾਸ ਬਾਰੇ ਵਧੀਕ ਡਿਪਟੀ ਕਮਿਸ਼ਨਰ –ਤੇ - ਜ਼ਿਲ੍ਹਾ ਰੋਜ਼ਗਾਰ ਅਤੇ

ਕਾਰੋਬਾਰ ਬਿਊਰੋ ਦੇ ਸੀ.ਈ.ਓ. ਸੋਨਮ ਚੌਧਰੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਬਿਨੈਕਾਰਾਂ ਨੂੰ ਰੁਜ਼ਗਾਰ ਦੇਣ ਦਾ ਉਪਰਾਲਾ ਲਗਾਤਾਰ ਕੀਤਾ ਜਾ ਰਿਹਾ ਏ , ਜਿਸ ਵਿੱਚ ਵੀਰਵਾਰ ਨੂੰ ਪਲੇਸਮੈਂਟ ਕੈਂਪ ਲਾਇਆ ਜਾਣਾ ਏ . ਐਸ.ਏ.ਐਸ ਨਗਰ ਦੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਦੇ ਡਿਪਟੀ ਡਾਇਰੈਕਟਰ ਹਰਪ੍ਰੀਤ ਸਿੰਘ ਮਾਨਸ਼ਾਹੀਆ ਨੇ ਦੱਸਿਆ ਕਿ ਭਲਕੇ ਲੱਗਣ ਵਾਲੇ ਕੈਂਪ ਵਿੱਚ ਨਾਮੀਂ ਕੰਪਨੀ ਹਿੱਸਾ ਲੈ ਰਹੀਆਂ ਨੇ। ਉਨ੍ਹਾਂ ਦੱਸਿਆ ਕਿ ਇਸ ਪਲੇਸਮੈਂਟ ਕੈਂਪ ਵਿੱਚ 18 ਤੋਂ 35 ਸਾਲ ਤਕ ਦੀ ਉਮਰ ਦੇ ਮੁੰਡੇ – ਕੁੜੀਆਂ ਜਿਹਨਾਂ ਦੀ ਯੋਗਤਾ ਦੱਸਵੀ, ਬਾਰ੍ਹਵੀਂ, ਗ੍ਰੈਜੂਏਸ਼ਨ, ਪੋਸਟ ਗ੍ਰੈਜੂਏਸ਼ਨ ਆਦਿ ਹੋਵੇ, ਹਿੱਸਾ ਲੈ ਸਕਦੇ ਨੇ। ਇਸ ਕੈਂਪ ਵਿੱਚ ਹਿੱਸਾ ਲੈਣ ਵਾਲੇ ਬਿਨੈਕਾਰਾਂ ਦੀ ਰਜਿਸਟ੍ਰੇਸ਼ਨ ਕਰਵਾਉਣਾ ਜ਼ਰੂਰੀ ਏ ਤੇ, ਜਿਨ੍ਹਾਂ ਦੀ ਰਜਿਸਟ੍ਰੇਸ਼ਨ ਨਹੀਂ ਹੋਈ ਏ , ਉਹ ਆਪਣੇ ਸਾਰੇ ਅਸਲ ਸਰਟੀਫਿਕੇਟ, ਆਧਾਰ ਕਾਰਡ ਅਤੇ ਪੈਨ ਕਾਰਡ ਲਾਜ਼ਮੀ, ਜਾਤਿ ਪ੍ਰਮਾਣ – ਪੱਤਰ ਅਤੇ ਇਹਨਾਂ ਦੀਆਂ ਫੋਟੋ ਕਾਪੀਆਂ ਨਾਲ ਲਿਆਉਣ ਤਾਂ ਜੋ ਮੌਕੇ ’ਤੇ ਹੀ ਰਜਿਸਟ੍ਰੇਸ਼ਨ ਕੀਤੀ ਜਾ ਸਕੇ।

-----------------------------------------------------------------------

ਮੋਗਾ ਜ਼ਿਲ੍ਹੇ ਦੇ ਕਸਬਾ ਬਾਘਾ ਪੁਰਾਣਾ ਅਧੀਨ ਆਉਂਦੇ ਪਿੰਡ ਨੱਥੂਵਾਲਾ ਗਰਬੀ ਦੇ ਨਜ਼ਦੀਕ ਮੁੱਦਕੀ ਰੋਡ ' ਤੇ, ਦੁਪਹਿਰ ਸਮੇਂ, ਕਾਰ ਅਤੇ ਮੋਟਰਸਾਈਕਲ ਦਰਮਿਆਨ ਹੋਈ ਭਿਆਨਕ ਟੱਕਰ ਨਾਲ ਇੱਕੋ ਪਰਿਵਾਰ ਦੇ ਚਾਰ ਜੀਆਂ ਦੀ ਮੌਤ ਹੋ ਗਈ। ਜਿਹਨਾਂ ਵਿਚ ਪਤੀ , ਪਤਨੀ ਅਤੇ ਉਹਨਾਂ ਦੇ ਦੋ ਪੁੱਤਰ ਸ਼ਾਮਲ ਹਨ। ਧਰਮਪ੍ਰੀਤ ਸਿੰਘ ,ਪਤਨੀ ਕੁਲਦੀਪ ਕੌਰ ਆਪਣੇ ਦੋ ਛੋਟੇ ਛੋਟੇ ਬੱਚਿਆਂ ਸਮੇਤ ਆਪਣੇ ਮੋਟਰਸਾਈਕਲ ਤੇ ਪਿੰਡ ਜੈਮਲਵਾਲਾ ਤੋਂ ਪਿੰਡ ਨੱਥੂਵਾਲਾ ਗਰਬੀ ਵਿਖੇ ਦਵਾਈ ਲੈਣ ਜਾ ਰਹੇ ਸੀ। ਜਿਸ ਦੋਰਾਨ ਪਿੱਛੋਂ ਤੇਜ਼ ਰਫਤਾਰ ਆ ਰਹੀ ਕਾਰ ਨੇ ਟੱਕਰ ਮਾਰ ਦਿੱਤੀ । ਇਸ ਦੁਰਘਟਨਾ 'ਚ ਧਰਮਪ੍ਰੀਤ ਸਿੰਘ, ਕੁਲਦੀਪ ਕੌਰ ਅਤੇ ਇੱਕ ਬੱਚੇ ਦੀ ਮੌਕੇ ਤੇ ਹੀ ਮੌਤ ਹੋ ਗਈ ਜਦਕਿ ਦੂਜਾ ਬੱਚਾ ਗੰਭੀਰ ਜ਼ਖਮੀ ਹੋ ਗਿਆ। ਜ਼ਖਮੀ ਬੱਚੇ ਨੂੰ ਸਿਵਲ ਹਸਪਤਾਲ ਵਿਖੇ ਦਾਖਲ ਕਰਵਾਇਆ ਗਿਆ ਜਿਥੇ ਉਹ ਹਸਪਤਾਲ 'ਚ ਦਮ ਤੋੜ ਗਿਆ ।

---------------------------------------------------------------

ਪੈਰਿਸ ਪੈਰਾਲੰਪਿਕਸ ਵਿੱਚ, ਭਾਰਤ ਦੇ ਸ਼ਾਟ ਪੁਟ ਥ੍ਰੋਅਰ Sachin Sarjerao Khilari ਨੇ ਮਰਦਾਂ ਦੇ ਸ਼ਾਟ ਪੁਟ ਮੁਕਾਬਲੇ ਵਿੱਚ 16.32 ਮੀਟਰ ਦੇ ਥਰੋਅ ਨਾਲ ਚਾਂਦੀ ਦਾ ਤਮਗਾ ਜਿੱਤਿਆ ਏ। ਇਸ ਨਾਲ ਭਾਰਤ ਦੀ ਤਮਗਾ ਸੂਚੀ 'ਚ ਇੱਕ ਹੋਰ ਤਮਗਾ ਸ਼ਾਮਲ ਹੋ ਗਿਆ ਏ, ਜਿਸ ਨਾਲ ਹੁਣ ਭਾਰਤ ਦੀ ਤਮਗਾ ਸੂਚੀ 21 'ਤੇ ਪਹੁੰਚ ਗਈ ਏ।

---------------------------------------------------------------

ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੂਰੇ ਸੂਬੇ ਵਿੱਚ ਖੇਡਾ ਵਤਨ ਪੰਜਾਬ ਦੀਆਂ-2024 ਕਰਵਾਈਆਂ ਜਾ ਰਹੀਆਂ ਨੇ . ਪੰਜਾਬ ਦੇ ਹਰ ਉਮਰ ਵਰਗ ਦੇ ਲੋਕਾਂ ਵਿੱਚ ਇਹਨਾ ਖੇਡਾਂ ਪ੍ਰਤੀ ਬਹੁਤ ਉਤਸਾਹ ਪਾਇਆ ਜਾ ਰਿਹਾ ਏ । ਇਹਨਾਂ ਖੇਡਾਂ ਵਿੱਚ ਵੱਖ-ਵੱਖ ਉਮਰ ਵਰਗ ਵਿੱਚ ਵੱਡੀ ਗਿਣਤੀ ਵਿੱਚ ਖਿਡਾਰੀ ਹਿੱਸਾ ਲੈ ਰਹੇ ਨੇ . ਖੇਡਾਂ ਵਤਨ ਪੰਜਾਬ ਦੀਆਂ-2024 ਦੀਆਂ ਪਟਿਆਲਾ ਸ਼ਹਿਰੀ ਦੀਆਂ ਬਲਾਕ ਪੱਧਰੀ ਖੇਡਾਂ ਪੋਲੋ ਗਰਾਊਂਡ ਪਟਿਆਲਾ ਵਿਖੇ ਕਰਵਾਈਆ ਜਾ ਰਹੀਆਂ ਨੇ ।

------------------------------------------------------------

**ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਬਰੂਨੇਈ ਦੀ ਆਪਣੀ ਸਫਲ ਯਾਤਰਾ ਤੋਂ ਬਾਅਦ ਆਪਣੇ ਦੌਰੇ ਦੇ ਦੂਜੇ ਪੜਾਅ'ਤੇ ਅੱਜ ਦੁਪਹਿਰ ਬਾਅਦ ਸਿੰਗਾਪੁਰ ਪਹੁੰਚੇ। ਸਿੰਗਾਪੁਰ ਦੇ ਗ੍ਰਹਿ ਅਤੇ ਕਾਨੂੰਨ ਮੰਤਰੀ ਕੇ ਸ਼ਨਮੁਗਮ ਨੇ ਉਨ੍ਹਾਂ ਦਾ ਸਵਾਗਤ ਕੀਤਾ।
- ਪੰਜਾਬ ਵਿਧਾਨਸਭਾ ਨੇ ਅੱਜ 4 ਅਹਿਮ ਬਿਲ ਪਾਸ ਕੀਨੇ ਨੇ ।
- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਪੁਰਬ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾ ਰਿਹਾ ਏ।
- ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਰਾਸ਼ਟਰੀ ਅਧਿਆਪਕ ਦਿਵਸ ਤੋਂ ਪਹਿਲਾਂ ਦੀ ਸ਼ਾਮ ਅਧਿਆਪਕ ਭਾਈਚਾਰੇ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ .
- ਪੈਰਿਸ ਪੈਰਾਲੰਪਿਕਸ ਵਿੱਚ, ਭਾਰਤ ਦੇ ਸ਼ਾਟ ਪੁਟ ਥ੍ਰੋਅਰ Sachin Sarjerao Khilari ਨੇ ਮਰਦਾਂ ਦੇ ਸ਼ਾਟ ਪੁਟ ਮੁਕਾਬਲੇ ਵਿੱਚ ਚਾਂਦੀ ਦਾ ਤਮਗਾ ਜਿੱਤਿਆ ਏ।